ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਤਹਿਗੜ੍ਹ ਸਾਹਿਬ

ਜ਼ਿਲ੍ਹਾ ਰੁਜਗਾਰ ਤੇ ਕਾਰੋਬਾਰ ਬਿਊਰੋ ਵੱਲੋ ਬੇਰੁਜਗਾਰਾਂ ਨੂੰ ਰੋਜਗਾਰ ਮੁਹੱਈਆ ਕਰਵਾਉਣ ਲਈ ਵਿਸ਼ੇਸ਼ ਉਪਰਾਲੇ

ਵੈਬ ਲਿੰਕ ਜਰੀਏ ਰਜਿਸਟਰੇਸ਼ਨ ਕਰਵਾ ਸਕਦੇ ਨੇ ਬੇਰੁਜ਼ਗਾਰ

ਫਤਹਿਗੜ੍ਹ ਸਾਹਿਬ, 27 ਮਈ

ਮਿਸ਼ਨ ਘਰ ਘਰ ਰੋਜ਼ਗਾਰ ਤਹਿਤ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਫਤਹਿਗੜ੍ਹ ਸਾਹਿਬ ਵਲੋ ਪੜ੍ਹੇ ਲਿਖੇ ਬੇਰੁਜ਼ਗਾਰ ਨੌਜਵਾਨਾਂ ਅਤੇ ਕਿਰਤੀਆਂ ਨੂੰ ਰੁਜਗਾਰ ਦਿਵਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ  ਰਹੇ ਹਨ।ਇਸ ਸਬੰਧੀ ਜ਼ਿਲ੍ਹਾ ਰੋਜ਼ਗਾਰ ਅਤੇ ਟ੍ਰੇਨਿੰਗ ਅਫਸਰ, ਸ੍ਰੀਮਤੀ ਅਰਵਿੰਦਰ ਕੌਰ ਨੇ ਦੱਸਿਆ ਕਿ ਰੁਜ਼ਗਾਰ ਵਿਭਾਗ ਵਲੋ ਫੈਕਟਰੀਆਂ/ਖੇਤੀਬਾੜੀ ਤੇ ਉਸਾਰੀ ਦੇ ਕੰਮਾਂ ਅਤੇ ਹੋਰ ਰੁਜ਼ਗਾਰ ਦੀ ਭਾਲ ਵਿੱਚ ਲੱਗੇ ਕਿਰਤੀਆਂ/ਮਜ਼ਦੂਰਾਂ ਲਈ ਵੈਬ ਲਿੰਕ https://forms.gle/9tea4rcCN8zTx9zx9 ਤਿਆਰ ਕੀਤਾ ਗਿਆ ਹੈ, ਜਿਸ ਤੇ ਉਹ ਆਪਣੇ ਆਪ ਨੂੰ ਰਜਿਸਟਰ ਕਰ ਸਕਦੇ ਹਨ ਤਾਂ ਜੋ ਉਨ੍ਹਾਂ ਨੂੰ ਉਨ੍ਹਾਂ ਦੀ ਜ਼ਰੂਰਤ ਅਨੁਸਾਰ ਕੰਮ ਮੁਹੱਈਆ ਕਰਵਾਇਆ ਜਾ ਸਕੇ।
ਇਸੇ ਤਰ੍ਹਾਂ ਕਿਸਾਨਾਂ/ਫੈਕਟਰੀ ਮਾਲਕਾਂ, ਉਸਾਰੀ ਦੇ ਕੰਮ ਨਾਲ ਸਬੰਧਿਤ ਠੇਕੇਦਾਰਾਂ ਤੇ ਹੋਰ ਕਿਸੇ ਨੂੰ ਕੰਮ ਲਈ ਜੋ ਕਿਰਤੀਆਂ ਦੀ ਲੋੜ ਹੈ ਤਾਂ ਉਹ ਵੈਬ ਲਿੰਕ https://forms.gle/YMd7t3SvxtPWGsnW9 'ਤੇ ਆਪਣੇ ਆਪ ਨੂੰ ਰਜਿਸਟਰ ਕਰ ਸਕਦੇ ਹਨ, ਜਦਕਿ ਪੜ੍ਹੇ-ਲਿਖੇ ਬੇਰੁਜ਼ਗਾਰ, ਸਕਿੱਲਡ ਤੇ ਸੈਮੀ ਸਕਿੱਲਡ ਨੌਜਵਾਨ ਵਿਭਾਗ ਦੀ ਵੈਬਸਾਈਟ http://www.pgrkam.com ਤੇ ਰਜਿਸਟਰ ਕਰਨ ਤਾਂ ਜੋ ਉਨ੍ਹਾਂ ਨੂੰ ਯੋਗਤਾ ਅਨੁਸਾਰ ਰੁਜਗਾਰ ਦਿਵਾਇਆ ਜਾ ਸਕੇ। ਇਸੇ ਤਰ੍ਹਾਂ ਜਿਹੜੇ ਨੌਜਵਾਨ ਆਪਣਾ ਸਵੈ ਰੋਜ਼ਗਾਰ ਕਰਨਾ ਚਾਹੁੰਦੇ ਹਨ ਤੇ ਸਰਕਾਰ ਵਲੋ ਵਿੱਤੀ ਮਦਦ/ਕਰਜ਼ਾ ਲੈਣ ਦੇ ਚਾਹਵਾਨ ਹਨ, ਉਹ https://forms.gle/S4G2NhvbvRMzKWCT9 ਲਿੰਕ ਤੇ ਰਜਿਸਟਰ ਹੋ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਰੁਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋ ਬੇਰੁਜ਼ਗਾਰਾਂ ਦੀ ਮਦਦ ਲਈ ਹੈਲਪਲਾਈਨ ਨੰਬਰ 9915682436 ਜਾਰੀ ਕੀਤਾ ਗਿਆ ਹੈ ਤੇ ਇਸ ਨੰਬਰ ਤੇ ਕੰਮ ਵਾਲੇ ਦਿਨ ਸਵੇਰੇ 9:00 ਵਜੇ ਤੋ ਸ਼ਾਮ 5:00 ਵਜੇ ਤੱਕ ਫੋਨ  ਕੀਤਾ ਜਾ ਸਕਦਾ ਹੈ ਜਾਂ ਈਮੇਲ ਆਈ.ਡੀ. dbeefgshelpline@gmail.com ਰਾਹੀਂ ਵੀ ਸੰਪਰਕ ਕੀਤਾ ਜਾ ਸਕਦਾ ਹੈ।

Scanned by CamScanner

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਤਹਿਗੜ• ਸਾਹਿਬ

ਹਲਕੇ ਦੀਆਂ ਸੜਕਾ ਦੀ ਬਦਲੀ ਜਾ ਰਹੀ ਹੈ ਨੁਹਾਰ : ਨਾਗਰਾ

ਹਲਕਾ ਫਤਹਿਗੜ੍ਹ ਸਾਹਿਬ ਦੀਆਂ ਲਿੰਕ ਸੜਕਾਂ ਦੀ ਕਰਵਾਈ ਜਾ ਰਹੀ ਹੈ ਸਪੈਸ਼ਲ ਮੁਰੰਮਤ

ਪਿੰਡ ਸੰਗਤਪੁਰ ਸੋਢੀਆਂ ਤੋਂ ਜੀ.ਟੀ. ਰੋਡ ਸਰਹਿੰਦ ਤੱਕ ਸੜਕ ਦੀ ਕਰੀਬ 01.50 ਕਰੋੜ ਰੁਪਏ ਨਾਲ ਕਰਵਾਈ ਜਾ ਰਹੀ ਹੈ ਵਿਸ਼ੇਸ਼ ਰਿਪੇਅਰ

ਸੜਕਾਂ ਦੀ ਵਿਸ਼ੇਸ਼ ਮੁਰੰਮਤ ਨਾਲ ਲੋਕਾਂ ਨੂੰ ਆਵਾਜਾਈ ਦੀਆਂ ਬਿਹਤਰ ਸਹੂਲਤਾਂ ਹੋਣਗੀਆਂ ਉਪਲਬਧ

ਸੜਕ ਦੀ ਵਿਸ਼ੇਸ਼ ਰਿਪੇਅਰ ਦੌਰਾਨ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਸਾਵਧਾਨੀਆਂ ਦਾ ਰੱਖਿਆ ਜਾ ਰਿਹਾ ਹੈ ਖਿਆਲ

ਪੰਜਾਬ ਸਰਕਾਰ ਵੱਲੋਂ ਕੋਰੋਨਾ ਵਾਇਰਸ ਦੇ ਖਾਤਮੇ ਲਈ ਕੀਤੇ ਜਾ ਰਹੇ ਯਤਨਾਂ ਵਿੱਚ ਸਹਿਯੋਗ ਦੇਣ ਲੋਕ

ਫਤਹਿਗੜ੍ਹ ਸਾਹਿਬ, 27 ਮਈ

ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਪਿੰਡ ਸੰਗਤਪੁਰ ਸੋਢੀਆਂ ਤੋਂ ਜੀ.ਟੀ. ਰੋਡ ਸਰਹਿੰਦ ਤੱਕ ਦੀ ਕਰੀਬ 06 ਕਿਲੋਮੀਟਰ ਸੜਕ ਦੀ ਕਰੀਬ 01.50 ਕਰੋੜ ਰੁਪਏ ਦੀ ਲਾਗਤ ਨਾਲ ਕੀਤੀ ਜਾ ਰਹੀ ਵਿਸ਼ੇਸ਼ ਰਿਪੇਅਰ ਤਹਿਤ ਪ੍ਰੀਮਿਕਸ ਪਾਉਣ ਦਾ ਕੰਮ ਜੰਗੀ ਪੱਧਰ 'ਤੇ ਚੱਲ ਰਿਹਾ ਹੈ, ਜਿਸ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਉਨ੍ਹਾਂ ਦੱਸਿਆ ਕਿ ਹਲਕੇ ਦੇ ਪਿੰਡਾਂ ਦੀਆਂ ਲਿੰਕ ਸੜਕਾਂ ਦੀ ਵਿਸ਼ੇਸ਼ ਮੁਰੰਮਤ ਵੀ ਕਰਵਾਈ ਜਾ ਰਹੀ ਹੈ, ਜਿਸ ਨਾਲ ਪਿੰਡਾਂ ਦੇ ਲੋਕਾਂ ਨੂੰ ਆਵਾਜਾਈ ਦੀਆਂ ਬਿਹਤਰ ਸਹੂਲਤਾਂ ਮੁਹੱਈਆ ਹੋਣਗੀਆਂ। ਉਨ੍ਹਾਂ ਦੱਸਿਆ ਕਿ ਸੜਕ ਦੀ ਮੁਰੰਮਤ ਦੌਰਾਨ ਕੋਰੋਨਾ ਤੋਂ ਬਚਾਅ ਸਬੰਧੀ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਣਾਈ ਜਾ ਰਹੀ ਹੈ।

ਵਿਧਾਇਕ ਨਾਗਰਾ ਨੇ ਕਿਹਾ ਕਿ ਜਿੱਥੇ ਪੰਜਾਬ ਸਰਕਾਰ ਵੱਲੋਂ ਕੋਰੋਨਾ ਵਾਇਰਸ ਦੇ ਖਾਤਮੇ ਲਈ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ, ਉਥੇ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਤੇ ਪਿੰਡਾਂ ਦੀਆਂ ਪੰਚਾਇਤਾਂ ਵੱਲੋਂ ਦਿੱਤਾ ਜਾ ਰਿਹਾ ਸਹਿਯੋਗ ਵੀ ਸ਼ਲਾਘਾਯੋਗ ਹੈ।

ਸ. ਨਾਗਰਾ ਨੇ ਹਲਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਕੋਰੋਨਾ ਵਾਇਰਸ ਦੇ ਖਾਤਮੇ ਲਈ ਸੂਬਾ ਸਰਕਾਰ ਵੱਲੋਂ ਕੀਤੇ ਜਾ ਰਹੇ ਯਤਨਾਂ ਵਿੱਚ ਆਮ ਲੋਕਾਂ ਨੂੰ ਵੀ ਵੱਧ ਚੜ੍ਹ ਕੇ ਸਹਿਯੋਗ ਦੇਣਾ ਚਾਹੀਦਾ ਹੈ ਅਤੇ ਕੋਵਿਡ-19 ਤੋਂ ਬਚਾਅ ਲਈ ਪੰਜਾਬ ਸਰਕਾਰ ਤੇ ਸਿਹਤ ਵਿਭਾਗ ਵੱਲੋਂ ਸਮੇਂ-ਸਮੇਂ 'ਤੇ ਜਾਰੀ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ਤਾਂ ਜੋ ਇਸ ਖਤਰਨਾਕ ਮਹਾਂਮਾਰੀ ਤੋਂ ਬਚਾਅ ਹੋ ਸਕੇ। ਇਸ ਮੌਕੇ ਐਸ.ਡੀ.ਓ. ਮਨਦੀਪ ਸਿੰਘ ਤੇ ਜੇ.ਈ. ਸੁਰਜਨ ਸਿੰਘ ਵੀ ਹਾਜ਼ਰ ਸਨ।

ਕੈਪਸ਼ਨ : ਸੜਕ ਤੇ ਪ੍ਰੀਮਿਕਸ ਪਾਏ ਜਾਣ ਦਾ ਦ੍ਰਿਸ਼।

ਸੜਕ ਦੀ ਵਿਸ਼ੇਸ਼ ਮੁਰੰਮਤ ਬਾਰੇ ਜਾਣਕਾਰੀ ਦਿੰਦੇ ਹੋਏ ਵਿਧਾਇਕ ਕੁਲਜੀਤ ਸਿੰਘ ਨਾਗਰਾ

Scanned by CamScanner

ਜ਼ਿਲ੍ਹਾ ਲੋਕ ਸੰਪਰਕ ਦਫਤਰ, ਫ਼ਤਹਿਗੜ੍ਹ ਸਾਹਿਬ

ਸਰਹਿੰਦ ਰੇਲਵੇ ਸਟੇਸ਼ਨ ਤੋਂ 1125 ਪਰਵਾਸੀਆਂ ਨੂੰ ਲੈ ਕੇ 'ਸ੍ਰਮਿਕ ਐਕਸਪ੍ਰੈਸ' ਬਿਹਾਰ ਰਵਾਨਾ

ਯਾਤਰੀਆਂ ਵੱਲੋ ਪੰਜਾਬ ਸਰਕਾਰ ਦਾ ਧੰਨਵਾਦ

ਫ਼ਤਹਿਗੜ੍ਹ ਸਾਹਿਬ, 27 ਮਈ

ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਰਵਾਸੀਆਂ ਨੂੰ ਉਨ੍ਹਾਂ ਦੀ ਇੱਛਾ ਮੁਤਾਬਕ ਉਨ੍ਹਾਂ ਦੇ ਜੱਦੀ ਸੂਬਿਆਂ ਵਿੱਚ ਮੁਫ਼ਤ ਭੇਜਣ ਲਈ ਕੀਤੇ ਜਾ ਰਹੇ ਅਣਥੱਕ ਯਤਨਾਂ ਤਹਿਤ ਸਰਹਿੰਦ ਰੇਲਵੇ ਸਟੇਸ਼ਨ ਤੋਂ ਇੱਕ ਹੋਰ 'ਸ੍ਰਮਿਕ ਐਕਸਪ੍ਰੈਸ' ਰੇਲ ਗੱਡੀ 1125 ਪਰਵਾਸੀਆਂ ਨੂੰ ਲੈ ਕੇ ਬਿਹਾਰ ਲਈ ਰਵਾਨਾ ਹੋਈ। ਇਹ ਜਾਣਕਾਰੀ ਦਿੰਦਿਆਂ ਸਹਾਇਕ ਕਮਿਸ਼ਨਰ (ਜਨਰਲ) ਸ੍ਰੀ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਤੋ ਬਿਹਾਰ ਜਾਣ ਵਾਲੇ ਵਿਅਕਤੀਆਂ ਨੂੰ ਵਿਸ਼ੇਸ਼ ਬੱਸਾਂ ਰਾਹੀਂ ਸਰਹਿੰਦ ਰੇਲਵੇ ਸਟੇਸ਼ਨ ਲਿਆਂਦਾ ਗਿਆ, ਇੱਥੋਂ ਇਹ ਯਾਤਰੀ ਆਪਣੇ ਜੱਦੀ ਸੂਬੇ ਲਈ ਰਵਾਨਾ ਹੋਏ ।
ਸ੍ਰੀ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਤੈਅ ਪ੍ਰਕਿਰਿਆ ਤਹਿਤ ਰਜਿਸਟਰੇਸ਼ਨ ਉਪਰੰਤ ਮੈਡੀਕਲ ਸਕਰੀਨਿੰਗ ਮੁਕੰਮਲ ਹੋਣ 'ਤੇ ਇਸ ਵਿਸ਼ੇਸ਼ ਰੇਲ ਗੱਡੀ ਰਾਹੀਂ ਪਰਵਾਸੀਆਂ ਨੂੰ ਉਨ੍ਹਾਂ ਦੇ ਸੂਬੇ ਨੂੰ ਭੇਜਿਆ ਗਿਆ ਹੈ ਤੇ ਕਿਸੇ ਵੀ ਯਾਤਰੀ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਗਈ। ਯਤਾਰੀਆਂ ਨੂੰ ਖਾਣਾ ਮੁਹੱਈਆ ਕਰਵਾਉਣ ਦੇ ਨਾਲ ਨਾਲ ਉਨ੍ਹਾਂ ਦੀਆਂ ਸਾਰੀਆਂ ਲੋੜਾਂ ਦਾ ਵਿਸ਼ੇਸ਼ ਧਿਆਨ ਰੱਖਿਆ ਗਿਆ ਹੈ।

ਸਹਾਇਕ ਕਮਿਸ਼ਨਰ ਨੇ ਦੱਸਿਆ ਕਿ ਕੋਰੋਨਾ ਤੋਂ ਬਚਾਅ ਸਬੰਧੀ ਸਮਾਜਕ ਦੂਰੀ ਸਮੇਤ ਸਿਹਤ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਗਈ ਹੈ। ਇਸ ਮੌਕੇ ਯਾਤਰੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਉਨ੍ਹਾਂ ਦੇ ਵਾਪਸੀ ਲਈ ਜੋ ਉਪਰਾਲਾ ਕੀਤਾ ਹੈ, ਉਹ ਉਸ ਲਈ ਪੰਜਾਬ ਸਰਕਾਰ ਦੇ ਧੰਨਵਾਦੀ ਹਨ।
ਇਸ ਮੌਕੇ ਐਸ.ਪੀ ਅਮਰਜੀਤ ਸਿੰਘ ਮਟਵਾਨੀ, ਐਸ.ਡੀ.ਐਮ. ਫ਼ਤਹਿਗੜ੍ਹ ਸਾਹਿਬ ਡਾ. ਸੰਜੀਵ ਕੁਮਾਰ, ਐਸ.ਡੀ.ਐਮ. ਅਮਲੋਹ ਸ੍ਰੀ ਆਨੰਦ ਸਾਗਰ ਸ਼ਰਮਾ, ਐਸ ਡੀ ਐਮ ਬਸੀ ਪਠਾਣਾਂ ਪਵਿੱਤਰ ਸਿੰਘ, ਡੀ.ਐਸ.ਪੀ.ਅਮਲੋਹ ਸੁਖਵਿੰਦਰ ਸਿੰਘ, ਡੀ ਐਸ ਪੀ ਮਨਜੋਤ ਕੌਰ, ਡੀ ਐਸ ਪੀ ਰਮਿੰਦਰ ਸਿੰਘ ਕਾਹਲੋਂ, ਡੀ ਐਸ ਪੀ ਦਵਿੰਦਰ ਸਿੰਘ ਮਠਾੜੂ, ਡੀ ਐਸ ਪੀ ਹੰਸ ਰਾਜ, ਨਾਇਬ ਤਹਿਸਲੀਦਾਰ ਬਸੀ ਪਠਾਣਾਂ ਅਰਜਨ ਗਰੇਵਾਲ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਕੈਪਸ਼ਨ: ਵਿਸ਼ੇਸ਼ ਰੇਲ ਗੱਡੀ ਰਾਹੀਂ ਬਿਹਾਰ ਜਾਣ ਲਈ ਰੇਲਵੇ ਸਟੇਸ਼ਨ ਸਰਹਿੰਦ ਪੁੱਜੇ ਯਾਤਰੀ।

Scanned by CamScanner

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

**ਸ੍ਰੀਮਤੀ ਅਨੁਪ੍ਰਿਤਾ ਜੌਹਲ ਨੇ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਦਾ ਅਹੁਦਾ ਸੰਭਾਲਿਆ**

ਫ਼ਤਹਿਗੜ੍ਹ ਸਾਹਿਬ, 27 ਮਈ

ਸ੍ਰੀਮਤੀ ਅਨੁਪ੍ਰਿਤਾ ਜੌਹਲ ਨੇ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਨੇ ਆਪਣੇ ਅਹੁਦੇ ਦਾ ਕਾਰਜਭਾਰ ਸੰਭਾਲ ਲਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਹੈ, ਉਹ ਉਸ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ। ਸ੍ਰੀਮਤੀ ਜੌਹਲ ਨੇ ਕਿਹਾ ਕਿ ਉਹ ਖ਼ੁਦ ਨੂੰ ਖੁਸ਼ਕਿਸਮਤ ਸਮਝਦੇ ਹਨ ਕਿ ਉਨ੍ਹਾਂ ਨੂੰ ਸ਼ਹੀਦਾਂ ਦੀ ਇਸ ਮਹਾਨ ਧਰਤੀ 'ਤੇ ਸੇਵਾਵਾਂ ਨਿਭਾਉਣ ਦਾ ਮੌਕਾ ਮਿਲਿਆ ਹੈ। ਇਸ ਤੋਂ ਪਹਿਲਾਂ ਉਹ ਡਿਪਟੀ ਸਕੱਤਰ ਜੰਗਲਾਤ ਤੇ ਜੰਗਲੀ ਜੀਵ ਵਿਭਾਗ ਦੇ ਨਾਲ-ਨਾਲ ਉਪ ਸਕੱਤਰ ਮੈਡੀਕਲ ਸਿੱਖਿਆ ਅਤੇ ਖੋਜ ਵਜੋਂ ਸੇਵਾਵਾਂ ਨਿਭਾਅ ਰਹੇ ਸਨ।
ਕੈਪਸ਼ਨ : ਸ੍ਰੀਮਤੀ ਅਨੁਪ੍ਰਿਤਾ ਜੌਹਲ ਵਧੀਕ ਡਿਪਟੀ ਕਮਿਸ਼ਨਰ (ਜਨਰਲ)ਸ੍ਰੀ ਫ਼ਤਹਿਗੜ੍ਹ ਸਾਹਿਬ ਦਾ ਅਹੁਦਾ ਸੰਭਾਲਦੇ ਹੋਏ।

Scanned by CamScanner

ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਤਹਿਗੜ੍ਹ ਸਾਹਿਬ

ਕਤਲ ਕੇਸ ਵਿੱਚ ਜ਼ਿਲ੍ਹਾ ਤੇ ਸੈਸ਼ਨ ਜੱਜ ਨਿਰਭਓ ਸਿੰਘ ਗਿੱਲ ਦੀ ਅਦਾਲਤ ਵੱਲੋ ਦੋਸ਼ੀ ਨੂੰ ਉਮਰ ਕੈਦ

ਫਤਹਿਗੜ੍ਹ ਸਾਹਿਬ, 27 ਮਈ

ਜ਼ਿਲ੍ਹਾ ਤੇ ਸੈਸ਼ਨਜ ਜੱਜ ਨਿਰਭਓ ਸਿੰਘ ਗਿੱਲ ਦੀ ਅਦਾਲਤ ਨੇ ਕਤਲ ਦੇ ਕੇਸ ਵਿੱਚ ਦੋਸ਼ੀ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਹੈ ਅਤੇ ਨਾਲ ਹੀ 10 ਹਜ਼ਾਰ ਰੁਪਏ ਜੁਰਮਾਨਾ ਕੀਤਾ ਹੈ। ਜ਼ਿਲ੍ਹਾ ਤੇ ਸੈਸ਼ਨਜ ਜੱਜ ਵੱਲੋ ਸੁਣਾਏ ਗਏ ਫੈਸਲੇ ਮੁਤਾਬਿਕ ਮਿਤੀ 08.05.2017 ਨੂੰ ਫਤਹਿਗੜ੍ਹ ਸਾਹਿਬ ਥਾਣੇ ਦੀ ਪੁਲਿਸ ਨੇ ਗਰਜਾ ਮਾਰਕਿਟ, ਮਾਤਾ ਗੁਜਰੀ ਕਲੋਨੀ ਵਿਖੇ ਲਾਸ਼ ਬਰਾਮਦ ਕੀਤੀ ਸੀ। ਪੜਤਾਲ ਦੌਰਾਨ ਇੱਕ ਅਧਾਰ ਕਾਰਡ ਬਰਾਮਦ ਕੀਤਾ ਗਿਆ ਸੀ, ਜਿਸ ਤੋਂ ਪਤਾ ਲੱਗਿਆ ਕਿ ਮ੍ਰਿਤਕ ਦਾ ਨਾਮ ਸੇਵਕ ਸਿੰਘ ਪੁੱਤਰ ਮੁਖਤਿਆਰ ਸਿੰਘ ਸੀ ਤੇ ਉਹ ਮੇਹਰ ਮੀਆਂ ਪੱਤੀ ਸਮਾਧ ਭਾਈ ਕੀ, ਜ਼ਿਲ੍ਹਾ ਮੋਗਾ ਦਾ ਰਹਿਣ ਵਾਲਾ ਸੀ ਅਤੇ ਗਰਜਾ ਮਾਰਕਿਟ ਮਾਤਾ ਗੁਜਰੀ ਕਲੋਨੀ ਵਿਖੇ ਰਹਿ ਰਿਹਾ ਸੀ। ਜ਼ਿਲ੍ਹਾ ਤੇ ਸੈਸ਼ਨਜ ਜੱਜ ਵੱਲੋ ਦਿੱਤੇ ਗਏ ਫੈਸਲੇ ਮੁਤਾਬਿਕ ਪੜਤਾਲ ਦੌਰਾਨ ਪਤਾ ਲੱਗਿਆ ਕਿ ਇਹ ਕਤਲ ਰਵੀ ਸਿੰਘ ਨੇ ਕੀਤਾ ਹੈ। 08.05.2017 ਨੂੰ ਰਵੀ ਸਿੰਘ, ਸੇਵਕ ਸਿੰਘ ਦੇ ਘਰ ਆਇਆ ਅਤੇ ਦੋਵਾਂ ਨੇ ਇਕੱਠਿਆਂ ਸ਼ਰਾਬ ਪੀਤੀ। ਜਿਸ ਉਪਰੰਤ ਦੋਵਾਂ ਵਿਚਕਾਰ ਝਗੜਾ ਹੋ ਗਿਆ ਅਤੇ ਰਵੀ ਸਿੰਘ ਨੇ ਧੱਕਾ ਮਾਰ ਕੇ ਸੇਵਕ ਸਿੰਘ ਨੂੰ ਛੱਤ ਤੋਂ ਥੱਲੇ ਸੁੱਟ ਦਿੱਤਾ, ਜਿਸ ਕਾਰਨ ਸੇਵਕ ਸਿੰਘ ਜਖਮੀ ਹੋ ਗਿਆ। ਇਸ ਉਪਰੰਤ ਦੋਸ਼ੀ ਨੇ ਇੱਟਾਂ ਨਾਲ ਮਾਰ-ਮਾਰ ਕੇ ਸੇਵਕ ਸਿੰਘ ਦਾ ਕਤਲ ਕਰ ਦਿੱਤਾ। ਤਫਤੀਸ਼ ਅਤੇ ਸੁਣਵਾਈ ਤੋਂ ਬਾਅਦ ਅਦਾਲਤ ਨੇ ਦੋਸ਼ੀ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਹੈ ਅਤੇ ਜੁਰਮਾਨਾ ਕੀਤਾ ਹੈ।

Scanned by CamScanner